# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :18-04-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ 8.30 ਵਜੇ ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਹੋਈ।
- ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਕਿਸਾਨਾਂ ਨੂੰ ਕਣਕ ਦੀ ਖਰੀਦ ਲਈ ਇਕਸਾਰ ਮਾਪਦੰਡਾਂ ਵਿੱਚ ਢਿਲ ਦਿੰਦਿਆਂ, 70 ਫ਼ੀਸਦੀ ਤੱਕ ਚਮਕ ਦੇ ਨੁਕਸਾਨ ਵਾਲੀ ਕਣਕ ਦੀ ਖਰੀਦ ਨੂੰ ਇਜਾਜ਼ਤ ਦਿੱਤੀ।
- ਪੰਜਾਬ ਪੁਲਿਸ ਵਲੋਂ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ -ਦੋ ਮੁਲਜ਼ਮਾਂ ਨੂੰ ਇਸ ਸਾਲ ਦੀ ਸਭ ਤੋਂ ਵੱਡੀ 64 ਕਿਲੋ ਤੋਂ ਵੱਧ ਹੈਰੋਇਨ ਦੀ ਖੇਪ ਸਮੇਤ ਕੀਤਾ ਗ੍ਰਿਫ਼ਤਾਰ।

- -ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਦੀ ਸਿਖਿਆ ਪ੍ਰਣਾਲੀ 'ਚ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਸ਼ਾਮਿਲ ਕਰਨ ਵੱਲ ਫ਼ੈਸਲਾਕੁਨ ਕਦਮ।
- IPL ਕ੍ਰਿਕੇਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਹੈਦਰਾਬਾਦ 'ਚ ਸ਼ਾਮੀਂ ਸਾਢੇ 7 ਵਜੇ, ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ 8.30 ਵਜੇ ਰਾਸ਼ਟਰ ਨੂੰ ਸੰਬੋਧਨ ਕਰਨਗੇ। ਇਹ ਸੰਬੋਧਨ ਅਜਿਹੇ ਸਮੇਂ ਹੋ ਰਿਹਾ ਏ ਜਦੋਂ ਮਹਿਲਾ ਰਾਖਵੇਂਕਰਨ ਨਾਲ ਜੁੜਿਆ ਸੰਵਿਧਾਨ ਸੋਧ ਬਿੱਲ ਲੋਕ ਸਭਾ ਵਿੱਚ ਦੋ-ਤਿਹਾਈ ਬਹੁਮਤ ਨਾਲ ਪਾਸ ਨਹੀਂ ਹੋ ਸਕਿਆ ਕਿਉਂਕਿ ਵਿਰੋਧੀ ਪਾਰਟੀਆਂ ਨੇ ਇਸਦਾ ਸਮਰਥਨ ਨਹੀਂ ਕੀਤਾ। ਤਜਵੀਜ਼ਸ਼ੁਦਾ ਕਾਨੂੰਨ, ਹੱਦਬੰਦੀ ਰਾਹੀਂ ਔਰਤਾਂ ਦੇ ਰਾਖਵੇਂਕਰਨ ਨੂੰ ਲਾਗੂ ਕਰਨ ਨਾਲ ਜੁੜਿਆ ਹੋਇਆ ਸੀ, ਪਰ ਲੰਬੀ ਬਹਿਸ ਤੋਂ ਬਾਅਦ ਪਾਸ ਨਹੀਂ ਹੋ ਸਕਿਆ।

---------------------------------------------------------------

ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ

ਕਰ ਦਿੱਤੀ ਗਈ ਏ। ਇਸ ਦੇ ਨਾਲ ਹੀ 28 ਜਨਵਰੀ ਤੋਂ ਸ਼ੁਰੂ ਹੋਇਆ ਬਜਟ ਇਜਲਾਸ ਖਤਮ ਹੋ ਗਿਆ ਏ। ਲੋਕ ਸਭਾ ਵਿੱਚ ਆਪਣੇ ਸਮਾਪਤੀ ਭਾਸ਼ਣ ਵਿੱਚ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਬਜਟ ਇਜਲਾਸ ਦੌਰਾਨ, 93 ਫ਼ੀਸਦੀ ਕੰਮ ਹੋਇਆ। ਉਨ੍ਹਾਂ ਕਿਹਾ ਕਿ ਸਦਨ ਦੀਆਂ ਕੁੱਲ 31 ਬੈਠਕਾਂ ਹੋਈਆਂ। ਸ੍ਰੀ ਬਿਰਲਾ ਨੇ ਦੱਸਿਆ ਕਿ ਇਜਲਾਸ ਦੌਰਾਨ, 12 ਸਰਕਾਰੀ ਬਿੱਲ ਪੇਸ਼ ਕੀਤੇ ਗਏ ਅਤੇ 9 ਬਿੱਲ ਪਾਸ ਕੀਤੇ ਗਏ। BYTR:RNU180426A

ਰਾਜ ਸਭਾ ਵਿੱਚ, ਆਪਣੇ ਸਮਾਪਤੀ ਭਾਸ਼ਣ ਵਿੱਚ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ, ਕੁੱਲ ਮਿਲਾ ਕੇ ਸਦਨ 157 ਘੰਟਿਆਂ ਤੋਂ ਵੱਧ ਸਮੇਂ ਲਈ ਚੱਲਿਆ ਅਤੇ ਲਗਭਗ 110 ਫ਼ੀਸਦੀ ਕੰਮ ਹੋਇਆ।

---

ਕੇਂਦਰੀ ਮੰਤਰੀ ਮੰਡਲ ਨੇ ਅੱਜ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀ ਵਾਧੂ ਕਿਸ਼ਤ ਅਤੇ ਪੈਨਸ਼ਨਰਾਂ ਨੂੰ ਮਹਿੰਗਾਈ ਰਾਹਤ ਜਾਰੀ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ I ਇਹ ਇਸ ਸਾਲ ਪਹਿਲੀ ਜਨਵਰੀ ਤੋਂ ਲਾਗੂ ਹੋਵੇਗੀ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਮੰਤਰੀ ਮੰਡਲ ਮੀਟਿੰਗ ਤੋਂ ਬਾਅਦ ਇੱਕ ਪ੍ਰੈੱਸ ਕਾਨਫਰੰਸ

ਵਿੱਚ ਕਿਹਾ ਕਿ ਇਸ ਨਾਲ 50 ਲੱਖ ਤੋਂ ਵੱਧ ਕੇਂਦਰੀ ਸਰਕਾਰੀ ਕਰਮਚਾਰੀਆਂ ਅਤੇ 68 ਲੱਖ ਤੋਂ ਵੱਧ ਪੈਨਸ਼ਨਰਾਂ ਨੂੰ ਲਾਭ ਹੋਵੇਗਾ।

BYTE:RNU180426

---------------------------------------------------------------------

ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦਿਆਂ ਕਣਕ ਦੇ ਇਕਸਾਰ ਮਿਆਰਾਂ ਵਿੱਚ ਢਿੱਲ ਦਿੱਤੀ ਏ, ਜਿਸ ਨਾਲ 70 ਫੀਸਦੀ ਤੱਕ ਚਮਕ ਦੇ ਨੁਕਸਾਨ ਵਾਲੇ ਕਣਕ ਦੇ ਅਨਾਜ ਦੀ ਖਰੀਦ ਦੀ ਇਜਾਜ਼ਤ ਦਿੱਤੀ ਗਈ ਏ । ਪੰਜਾਬ ਸਰਕਾਰ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਅਤੇ ਭਾਰਤੀ ਖੁਰਾਕ ਕਾਰਪੋਰੇਸ਼ਨ ਚੰਡੀਗੜ੍ਹ ਵੱਲੋਂ ਪੰਜਾਬ ਅਤੇ ਚੰਡੀਗੜ੍ਹ ਦੇ ਸਾਰੇ ਜ਼ਿਲ੍ਹਿਆਂ ਵਿੱਚ ਬੇਮੌਸਮੀ ਬਾਰਿਸ਼ ਕਾਰਨ ਪ੍ਰਭਾਵਿਤ ਹੋਈ ਫਸਲ ਦੇ ਸਿਲਸਿਲੇ ਵਿਚ, ਹਾੜੀ ਮੰਡੀਕਰਨ ਸੀਜ਼ਨ 2026-27 ਲਈ ਕਣਕ ਦੇ ਇਕਸਾਰ ਨਿਰਧਾਰਨਾਂ ਵਿੱਚ ਢਿੱਲ ਦੇਣ ਲਈ ਬੇਨਤੀ ਪੱਤਰ ਭੇਜਿਆ ਗਿਆ ਸੀ I ਇਸ ਪੱਤਰ ਦੇ ਜਵਾਬ ਚ ਕੇਂਦਰ ਨੇ ਕਿਸਾਨਾਂ ਦੀ ਮੁਸ਼ਕਲ ਘਟਾਉਣ ਲਈ ਉਨ੍ਹਾਂ ਦੇ ਹੱਕ ਵਿੱਚ ਕਾਰਵਾਈ ਕੀਤੀ। ਸੁੰਗੜੇ ਅਤੇ ਟੁੱਟੇ ਹੋਏ ਦਾਣਿਆਂ ਦੇ ਸਬੰਧ ਵਿੱਚ, ਸੂਬੇ ਭਰ ਵਿੱਚ ਬਰਾਬਰ ਮਾਪਦੰਡਾਂ ਅਧੀਨ 6 ਫੀਸਦ ਦੀ ਮੌਜੂਦਾ ਹੱਦ ਦੇ ਮੁਕਾਬਲੇ 15 ਫੀਸਦ ਤੱਕ ਢਿੱਲ ਦਿੱਤੀ ਗਈ ਏ । ਇਸ ਦੇ ਨਾਲ ਹੀ, ਕੇਂਦਰ ਨੇ ਕਿਹਾ ਏ ਕਿ ਢਿੱਲ

ਤਹਿਤ ਖਰੀਦੀ ਗਈ ਕਣਕ ਨੂੰ ਵੱਖਰੇ ਤੌਰ 'ਤੇ ਭੰਡਾਰ ਕੀਤਾ ਜਾਵੇਗਾ ਅਤੇ ਉਸਦਾ ਹਿਸਾਬ ਰੱਖਿਆ ਜਾਵੇਗਾ ਅਤੇ ਕਣਕ ਦੇ ਭੰਡਾਰ ਦੀ ਗੁਣਵੱਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਦੀ ਜ਼ਿੰਮੇਵਾਰੀ ਪੰਜਾਬ ਰਾਜ ਦੀ ਹੋਵੇਗੀ। ਇਨ੍ਹਾਂ ਕਣਕ ਦੇ ਭੰਡਾਰਾਂ ਨੂੰ ਪਹਿਲ ਦੇ ਆਧਾਰ 'ਤੇ ਖਤਮ ਕੀਤਾ ਜਾਵੇਗਾ, ਹਾਲਾਂਕਿ ਇਸ ਢਿੱਲ ਕਾਰਨ ਹੋਣ ਵਾਲੇ ਵਿੱਤੀ ਪ੍ਰਭਾਵ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ।

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਪਠਾਨਕੋਟ ਦੇ ਸ੍ਰੀ ਸਾਂਈ ਕਾਲਜ ਬੰਧਾਣੀ ਵਿਖੇ ਸਰਹੱਦੀ ਖੇਤਰਾਂ ਅੰਦਰ ਸਥਿਤ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਅਤੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਸਬੰਧੀ ਬੱਚਿਆਂ ਨੂੰ ਪ੍ਰੇਰਿਤ ਕਰਨ ਦੇ ਲਈ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ| ਜ਼ਿਕਰਯੋਗ ਹੈ ਕਿ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਪਿਛਲੇ 3 ਦਿਨਾਂ ਤੋਂ ਪਠਾਨਕੋਟ ਦੇ ਵਿਸ਼ੇਸ਼ ਦੌਰੇ ਤੇ ਹਨ ਇਸ ਦੌਰੇ ਦੇ ਦੌਰਾਨ ਜਿੱਥੇ ਉਹਨਾਂ ਵੱਲੋਂ ਜਿਲ੍ਹਾ ਪਠਾਨਕੋਟ ਅੰਦਰ ਵੱਖ ਵੱਖ ਪਿੰਡਾਂ ਅਤੇ ਬਲਾਕ ਪੱਧਰ ਤੇ ਬਣਾਈਆਂ ਗਈਆਂ ਕਮੇਟੀ ਦੇ ਮੈਂਬਰ ਦੇ ਨਾਲ ਮੀਟਿੰਗਾਂ ਕੀਤੀਆਂ ਉੱਥੇ ਹੀ ਨਸ਼ਾ ਮੁਕਤੀ ਅਭਿਆਨ ਯੁੱਧ ਨਸ਼ਿਆਂ ਵਿਰੁੱਧ ਅਧੀਨ ਸਿਟੀ ਪਠਾਨਕੋਟ

ਅੰਦਰ ਇੱਕ ਪੈਦਲ ਯਾਤਰਾ ਵੀ ਕੱਢੀ ਗਈ ਅਤੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ|

---------------------------------------------------------------------

ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਉਨ੍ਹਾਂ ਦੀ ਭਲਾਈ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਨੇ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਪੰਜਾਬ ਭਵਨ ਵਿਖੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗ ਦੀ ਡਾਇਰੈਕਟਰ ਸ਼ੇਨਾ ਅਗਰਵਾਲ ਅਤੇ ਡਿਪਟੀ ਡਾਇਰੈਕਟਰ ਸੁਮਨਦੀਪ ਕੌਰ ਦੀ ਹਾਜ਼ਰੀ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਆਂਗਣਵਾੜੀ ਵਰਕਰ ਅਤੇ ਹੈਲਪਰ ਵਿਭਾਗ ਦਾ ਅਹਿਮ ਹਿੱਸਾ ਨੇ ਅਤੇ ਜ਼ਮੀਨੀ ਪੱਧਰ ’ਤੇ ਬੱਚਿਆਂ, ਮਹਿਲਾਵਾਂ ਅਤੇ ਪਰਿਵਾਰਾਂ ਤੱਕ ਸਰਕਾਰੀ ਯੋਜਨਾਵਾਂ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਨੇ। ਉਨ੍ਹਾਂ ਭਰੋਸਾ ਦਿੱਤਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਹਰ ਜਾਇਜ਼ ਮੰਗ ਨੂੰ ਗੰਭੀਰਤਾ ਨਾਲ ਵਿਚਾਰ ਕਰਕੇ ਪੂਰਾ ਕੀਤਾ ਜਾਵੇਗਾ।

ਮੀਟਿੰਗ ਦੌਰਾਨ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੱਲੋਂ ਉਠਾਈਆਂ ਗਈਆਂ ਮੰਗਾਂ ਨੂੰ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਬੜੇ ਧਿਆਨ ਨਾਲ ਸੁਣਿਆ ਗਿਆ। ਉਨ੍ਹਾਂ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਸਮੱਸਿਆਵਾਂ ਦਾ ਜਲਦ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਇਆ ਜਾਵੇ।

------------------------------------------------------------------------

ਕਾਊਂਟਰ ਇੰਟੈਲੀਜੈਂਸ ਪੰਜਾਬ ਦੇ ਸੂਬਾ ਵਿਸ਼ੇਸ਼ ਓਪਰੇਸ਼ਨ ਸੈਲ ਅੰਮ੍ਰਿਤਸਰ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ  ਅੰਮ੍ਰਿਤਸਰ ਦੇ ਪਿੰਡ ਮਹਿਲ ਨੇੜੇ 64 ਕਿਲੋ ਤੋਂ ਵੱਧ ਹੈਰੋਇਨ ਸਮੇਤ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ  ਕੀਤਾ। ਇਸ ਬਾਰੇ ਵੇਰਵੇ ਸਾਂਝੇ ਕਰਦੇਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ BYTE

ਜ਼ਿਕਰਯੋਗ ਏ ਕਿ ਇਹ ਇਸ ਸਾਲ ਦੀ ਸਭ ਤੋਂ ਵੱਡੀ ਬਰਮਦਗੀ ਏ ।

------------------------------------------------------------------------

ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਏ.ਆਈ. ਨੂੰ ਸ਼ਾਮਲ ਕਰਨ ਵੱਲ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ  ਵੱਲੋਂ

ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਕਰਵਾਈ ਗਈ ਕੌਮੀ-ਪੱਧਰ ਦੀ ਦੋ-ਰੋਜ਼ਾ ਕਾਨਫਰੰਸ ਅੱਜ ਗੂਗਲ ਅਤੇ ਇੰਟੇਲ ਵਲੋਂ ਵਿਹਾਰਕ ਵਰਕਸ਼ਾਪਾਂ ਦੇ ਆਯੋਜਨ ਨਾਲ ਸਮਾਪਤ ਹੋਈ। ਇਸ ਕਾਨਫਰੰਸ ਨੇ ਕਲਾਸਰੂਮਾਂ ਵਿੱਚ ਏਆਈ ਨੂੰ ਸ਼ਾਮਲ ਕਰਨ ਲਈ ਢੁਕਵਾਂ ਖਾਕਾ ਤਿਆਰ ਕਰਨ ਵਾਸਤੇ ਨੀਤੀ ਘਾੜਿਆਂ, ਸਿੱਖਿਅਕਾਂ ਅਤੇ ਤਕਨਾਲੋਜੀ ਮਾਹਿਰਾਂ ਲਈ ਵਿਚਾਰ-ਵਟਾਂਦਰੇ ਵਾਸਤੇ ਇੱਕ ਢੁਕਵਾਂ ਮੰਚ ਪ੍ਰਦਾਨ ਕੀਤਾ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ, ਨੇ ਏਆਈ ਦੀ ਨੈਤਿਕ ਵਰਤੋਂ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਇਸਨੂੰ ਸਿਖਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਸਮੱਸਿਆ-ਹੱਲ ਕਰਨ ਦੇ ਹੁਨਰਾਂ ਨੂੰ ਨਿਖਾਰਨ ਵਾਸਤੇ ਵਰਤਿਆ ਜਾ ਸਕਦਾ ਏ । ਊਨਾ ਵਿਦਿਆਰਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਅਜਿਹੇ ਉਪਕਰਨਾਂ ਦੀ ਚੋਣ ਉਸੇ ਤਰ੍ਹਾਂ ਹੀ ਪੂਰੀ ਸੂਝ-ਬੂਝ ਅਤੇ ਪਰਖ ਨਾਲ ਕਰਨ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਏਆਈ ਦੀ ਵਰਤੋਂ ਪੂਰੀ ਜ਼ਿੰਮੇਵਾਰੀ ਨਾਲ ਅਤੇ ਇੱਕ ਸਪਸ਼ਟ ਕਾਨੂੰਨੀ ਤੇ ਨੈਤਿਕ ਢਾਂਚੇ ਵਿੱਚ ਰਹਿ ਕੇ ਕਰਨ ਲਈ ਉਤਸ਼ਾਹਿਤ ਕੀਤਾ, ਗੂਗਲ ਦੀ ਅਗਵਾਈ ਵਾਲੇ ਸੈਸ਼ਨ ਦੌਰਾਨ ਸਿੱਖਿਆ ਵਿੱਚ ਏ.ਆਈ. ਦੀ ਬੇਹੱਦ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ ਗਿਆ, ਜਿਸ ਵਿੱਚ ਸੰਵੇਦਨਸ਼ੀਲਤਾ ਅਤੇ ਜਾਗਰੂਕਤਾ-ਨਿਰਮਾਣ 'ਤੇ ਜ਼ੋਰ ਦਿੱਤਾ ਗਿਆ। ਕਾਨਫਰੰਸ ਦਾ ਇੱਕ ਮੁੱਖ ਹਿੱਸਾ "ਕੰਮ ਵਾਲੀ

ਥਾਂ ‘ਤੇ ਏ.ਆਈ. ਦੀ ਵਰਤੋਂ" 'ਤੇ ਇੰਟੈਲ ਦੀ ਵਿਹਾਰਕ ਵਰਕਸ਼ਾਪ ਸੀ, ਜਿਸ ਵਿੱਚ 112 ਤੋਂ ਵੱਧ ਮੈਂਬਰਾਂ ਨੇ ਉਤਸ਼ਾਹ ਨਾਲ ਹਿਸਾ ਲਿਆ। ਡਾ. ਅਮਰਪਾਲ ਸਿੰਘ ਨੇ ਦੋ-ਰੋਜ਼ਾ ਕਾਨਫਰੰਸ ਦੇ ਸੁਚਾਰੂ ਅਮਲ ਨੂੰ ਯਕੀਨੀ ਬਣਾਉਣ ਲਈ ਐਲਿਕਸ ਈਵੈਂਟਸ ਦੇ ਯਤਨਾਂ ਦੀ ਸ਼ਲਾਘਾ ਕੀਤੀ।

-----------------------------------------------------------------

ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਵਿੰਦਰ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਤਾ । ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਗੁਰੂ ਭਰੋਸੇ ਅਤੇ ਸਮਰਪਣ ਦੀ ਪ੍ਰੇਰਣਾ ਦਿੰਦਾ ਏ । ਉਨ੍ਹਾਂ ਕਿਹਾ ਕਿ ਸ੍ਰੀ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਨੂੰ ਪ੍ਰਚੱਲਤ ਕੀਤਾ। ਗੁਰੂ ਸਾਹਿਬ ਨੇ ਮਨੁੱਖਤਾ ਨੂੰ ਬਰਾਬਰੀ ਅਤੇ ਭਾਈਚਾਰਕ ਏਕਤਾ ਦਾ ਸੰਦੇਸ਼ ਦਿੰਤਾ । ਗ੍ਰਹਿ ਮੰਤਰੀ

ਅਮਿਤ ਸ਼ਾਹ ਨੇ ਅੱਜ  ਗੁਰੂ ਜੀ ਦੇ ਪ੍ਰਕਾਸ਼ ਪੁਰਵ ਦੇ ਮੌਕੇ ਵਧਾਈ ਦਿੱਤੀ  ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉੂਨਾ  ਕਿਹਾ ਕਿ ਗੁਰੂ ਅੰਗਦ ਦੇਵ ਨੇ ਸੇਵਾ, ਸ਼ਰਧਾ ਅਤੇ ਸਮਾਜਿਕ ਸੁਧਾਰ ਨੂੰ ਆਪਣੇ ਜੀਵਨ ਦਾ ਮੂਲ ਬਣਾਇਆ।  ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਗੁਰੂ ਸਾਹਿਬ ਦੇ ਗੁਰ ਪੁਰਬ ਮੌਕੇ ਕਿਹਾ ਕਿ ਗੁਰੂ ਅੰਗਦ ਦੇਵ ਦੀਆਂ ਸਿੱਖਿਆਵਾਂ ਅਜ ਵੀ ਨਾਗਰਿਕਾਂ ਨੂੰ ਸੱਚ, ਸਮਰਪਣ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਨੇ I

---------------------------------------------------------------------------

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਨਸ਼ਿਆਂ ਖਿਲਾਫ਼ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਏ.ਪੀ.ਜੇ. ਸਕੂਲ ਦੇ ਸਹਿਯੋਗ ਨਾਲ ਅੱਜ ‘ਸਾਈਕਲੋਥਾਨ ਕਰਵਾਈ ਗਈ। ਸਾਈਕਲੋਥਾਨ ਵਿੱਚ ਕਰੀਬ 2 ਹਜ਼ਾਰ ਲੋਕਾਂ  ਨੇ ਹਿੱਸਾ ਲੈਂਦਿਆਂ ਸਮਾਜ ਦੇ ਹਰ ਵਰਗ ਨੂੰ ਨਸ਼ਿਆਂ ਖਿਲਾਫ਼ ਲਾਮਬੰਦ ਹੋਣ ਦਾ ਸੱਦਾ ਦਿੱਤਾ।

---------------------------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਸਕੱਤਰੇਤ ਵਿਖੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਕੰਮਾਂ ਦੀ ਪ੍ਰਗਤੀ

ਦਾ ਜਾਇਜ਼ਾ ਲੈਣ ਲਈ ਉੱਚ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਦੌਰਾਨ ਅਧਿਕਾਰੀਆਂ ਨੇ ਮੰਤਰੀ ਨੂੰ ਜਾਣਕਾਰੀ ਦਿੱਤੀ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਿਤ ਕੇਸਾਂ ਵਿੱਚ ਕਾਫ਼ੀ ਪ੍ਰਗਤੀ ਹੋਈ ਏ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਜੰਗਾਂ ਦੌਰਾਨ ਸ਼ਹੀਦ ਹੋਏ ਜਿਆਦਾਤਰ ਸੈਨਿਕਾਂ ਦੇ ਪਰਿਵਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਮੁਆਵਜ਼ਾ ਦਿੱਤਾ ਜਾ ਚੁੱਕਾ ਏ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਿਤ ਸਾਰੇ ਮਾਮਲਿਆਂ ਨੂੰ ਪਹਿਲ ਦੇ ਆਧਾਰ ‘ਤੇ ਨੇਪੜੇ ਚਾੜਿਆ ਜਾਵੇ।

------------------------------------------------------------------------

IPL ਕ੍ਰਿਕੇਟ ਵਿੱਚ, ਹੈਦਰਾਬਾਦ ਵਿੱਚ ਸ਼ਾਮੀਂ ਸਾਢੇ 7 ਵਜੇ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ 8.30 ਵਜੇ ਰਾਸ਼ਟਰ ਨੂੰ ਸੰਬੋਧਨ ਕਰਨਗੇ।

- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਹੋਈ।
- ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਕਿਸਾਨਾਂ ਨੂੰ ਕਣਕ ਦੀ ਖਰੀਦ ਲਈ ਇਕਸਾਰ ਮਾਪਦੰਡਾਂ ਵਿੱਚ ਢਿਲ ਦਿੰਦਿਆਂ, 70 ਫ਼ੀਸਦੀ ਤੱਕ ਚਮਕ ਦੇ ਨੁਕਸਾਨ ਵਾਲੀ ਕਣਕ ਦੀ ਖਰੀਦ ਨੂੰ ਇਜਾਜ਼ਤ ਦਿੱਤੀ।
- ਪੰਜਾਬ ਪੁਲਿਸ ਵਲੋਂ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ -ਦੋ ਮੁਲਜ਼ਮਾਂ ਨੂੰ ਇਸ ਸਾਲ ਦੀ ਸਭ ਤੋਂ ਵੱਡੀ 64 ਕਿਲੋ ਤੋਂ ਵੱਧ ਹੈਰੋਇਨ ਦੀ ਖੇਪ ਸਮੇਤ ਕੀਤਾ ਗ੍ਰਿਫ਼ਤਾਰ।
- -ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਦੀ ਸਿਖਿਆ ਪ੍ਰਣਾਲੀ 'ਚ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਸ਼ਾਮਿਲ ਕਰਨ ਵੱਲ ਫ਼ੈਸਲਾਕੁਨ ਕਦਮ।
- IPL ਕ੍ਰਿਕੇਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਹੈਦਰਾਬਾਦ 'ਚ ਸ਼ਾਮੀਂ ਸਾਢੇ 7 ਵਜੇ, ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**